ਕੇਦਾਰਾ ਮਹਲਾ ੫ ॥ ਹਰਿ ਹਰਿ ਹਰਿ ਗੁਨ ਗਾਵਹੁ ॥ ਕਰਹੁ ਕ੍ਰਿਪਾ ਗੋਪਾਲ ਗੋਬਿਦੇ ਅਪਨਾ ਨਾਮੁ ਜਪਾਵਹੁ ॥ ਰਹਾਉ ॥ ਕਾਢਿ ਲੀਏ ਪ੍ਰਭ ਆਨ ਬਿਖੈ ਤੇ ਸਾਧਸੰਗਿ ਮਨੁ ਲਾਵਹੁ ॥ ਭ੍ਰਮੁ ਭਉ ਮੋਹੁ ਕਟਿਓ ਗੁਰ ਬਚਨੀ ਅਪਨਾ ਦਰਸੁ ਦਿਖਾਵਹੁ ॥ ੧॥ ਸਭ ਕੀ ਰੇਨ ਹੋਇ ਮਨੁ ਮੇਰਾ ਅਹੰਬੁਧਿ ਤਜਾਵਹੁ ॥ ਅਪਨੀ ਭਗਤਿ ਦੇਹਿ ਦਇਆਲਾ ਵਡਭਾਗੀ ਨਾਨਕ ਹਰਿ ਪਾਵਹੁ ॥ ੨॥੪॥੬॥ {ਪੰਨਾ 1120}

ਪਦਅਰਥ:- ਗੋਪਾਲ—ਹੇ ਗੋਪਾਲ! ਜਪਾਵਹੁ—ਜਪਣ ਵਿਚ ਸਹਾਇਤਾ ਕਰੋ। ਰਹਾਉ।

ਪ੍ਰਭ—ਹੇ ਪ੍ਰਭੂ! ਤੇ—ਤੋਂ। ਆਨ—ਹੋਰ ਹੋਰ {ANX}। ਆਨ ਬਿਖੈ ਤੇ—ਹੋਰ ਹੋਰ ਵਿਸ਼ਿਆਂ ਤੋਂ। ਸਾਧ ਸੰਗਿ—ਗੁਰੂ ਦੀ ਸੰਗਤਿ ਵਿਚ। ਲਾਵਹੁ—(ਹੇ ਪ੍ਰਭੂ!) ਤੂੰ ਜੋੜਦਾ ਹੈਂ। ਕਟਿਓ—ਕੱਟਿਆ ਜਾਂਦਾ ਹੈ। ਗੁਰ ਬਚਨੀ—ਗੁਰੂ ਦੇ ਬਚਨਾਂ ਦੀ ਰਾਹੀਂ। ਦਿਖਾਵਹੁ—ਤੂੰ ਦਿਖਾਂਦਾ ਹੈਂ।1।

ਰੇਨ—ਚਰਨ-ਧੂੜ। ਅਹੰਬੁਧਿ—ਹਉਮੈ ਵਾਲੀ ਬੁਧਿ। ਤਜਾਵਹੁ—ਛੱਡਣ ਵਿਚ ਸਹਾਇਤਾ ਕਰੋ। ਦਇਆਲਾ—ਹੇ ਦਇਆਲ! ਵਡਭਾਗੀ—ਵੱਡੇ ਭਾਗਾਂ ਨਾਲ। ਪਾਵਹੁ—(ਮਿਲਾਪ) ਹਾਸਲ ਕਰ ਸਕੋਗੇ।2।

ਅਰਥ:- ਹੇ ਭਾਈ! ਸਦਾ ਪਰਮਾਤਮਾ ਦੇ ਗੁਣ ਗਾਂਦੇ ਰਿਹਾ ਕਰੋ।

ਹੇ ਗੋਪਾਲ! ਹੇ ਗੋਬਿੰਦ! (ਮੇਰੇ ਉਤੇ) ਮਿਹਰ ਕਰ, ਮੈਨੂੰ ਆਪਣਾ ਨਾਮ ਜਪਣ ਵਿਚ ਸਹਾਇਤਾ ਕਰ। ਰਹਾਉ।

ਹੇ ਪ੍ਰਭੂ! ਤੂੰ ਮਨੁੱਖਾਂ ਦਾ ਮਨ ਸਾਧ ਸੰਗਤਿ ਵਿਚ ਲਾਂਦਾ ਹੈਂ, ਉਹਨਾਂ ਨੂੰ ਤੂੰ ਹੋਰ ਹੋਰ ਵਿਸ਼ਿਆਂ ਵਿਚੋਂ ਕੱਢ ਲਿਆ ਹੈ। ਹੇ ਪ੍ਰਭੂ! ਜਿਨ੍ਹਾਂ ਨੂੰ ਤੂੰ ਆਪਣਾ ਦਰਸਨ ਦੇਂਦਾ ਹੈਂ, ਗੁਰੂ ਦੇ ਬਚਨਾਂ ਦੀ ਰਾਹੀਂ ਉਹਨਾਂ ਦਾ ਭਰਮ ਉਹਨਾਂ ਦਾ ਡਰ ਉਹਨਾਂ ਦਾ ਮੋਹ ਕੱਟਿਆ ਜਾਂਦਾ ਹੈ।1।

ਹੇ ਦਇਆਲ ਪ੍ਰਭੂ! (ਮਿਹਰ ਕਰ, ਮੈਨੂੰ) ਆਪਣੀ ਭਗਤੀ (ਦੀ ਦਾਤਿ) ਬਖ਼ਸ਼ (ਮਿਹਰ ਕਰ, ਮੇਰੇ ਅੰਦਰੋਂ) ਹਉਮੈ ਦੂਰ ਕਰਾ, ਮੇਰਾ ਮਨ ਸਭਨਾਂ ਦੇ ਚਰਨਾਂ ਦੀ ਧੂੜ ਹੋਇਆ ਰਹੇ।

ਹੇ ਨਾਨਕ! (ਆਖ—ਹੇ ਭਾਈ!) ਤੁਸੀਂ ਵੱਡੇ ਭਾਗਾਂ ਨਾਲ (ਹੀ) ਪਰਮਾਤਮਾ ਦਾ ਮਿਲਾਪ ਕਰ ਸਕਦੇ ਹੋ।2।4।6।